**ਸਾਰਗ ਮਹਲਾ ੫ ॥ ਮੇਰਾ ਪ੍ਰਭੁ ਸੰਗੇ ਅੰਤਰਜਾਮੀ ॥ ਆਗੈ ਕੁਸਲ ਪਾਛੈ ਖੇਮ ਸੂਖਾ ਸਿਮਰਤ ਨਾਮੁ ਸੁਆਮੀ ॥੧॥ ਰਹਾਉ ॥ ਸਾਜਨ ਮੀਤ ਸਖਾ ਹਰਿ ਮੇਰੈ ਗੁਨ ਗੁੋਪਾਲ ਹਰਿ ਰਾਇਆ ॥ ਬਿਸਰਿ ਨ ਜਾਈ ਨਿਮਖ ਹਿਰਦੈ ਤੇ ਪੂਰੈ ਗੁਰੂ ਮਿਲਾਇਆ ॥੧॥ ਕਰਿ ਕਿਰਪਾ ਰਾਖੇ ਦਾਸ ਅਪਨੇ ਜੀਅ ਜੰਤ ਵਸਿ ਜਾ ਕੈ ॥ ਏਕਾ ਲਿਵ ਪੂਰਨ ਪਰਮੇਸੁਰ ਭਉ ਨਹੀ ਨਾਨਕ ਤਾ ਕੈ ॥ ੨॥੭੩॥੯੬॥** {ਪੰਨਾ 1222-1223}

ਪਦਅਰਥ:- ਸੰਗੇ—ਨਾਲ ਹੀ। ਅੰਤਰਜਾਮੀ—(ਹਰੇਕ ਦੇ) ਦਿਲ ਦੀ ਜਾਣਨ ਵਾਲਾ। ਆਗੈ—ਅਗਾਂਹ ਆਉਣ ਵਾਲੇ ਸਮੇ ਵਿਚ, ਪਰਲੋਕ ਵਿਚ। ਪਾਛੈ—ਗੁਜ਼ਰ ਚੁਕੇ ਸਮੇ ਵਿਚ, ਇਸ ਲੋਕ ਵਿਚ। ਕੁਸਲ, ਖੇਮ—ਸੁਖ-ਸਾਂਦ।1। ਰਹਾਉ।

ਮੇਰੈ—ਮੇਰੇ ਵਾਸਤੇ, ਮੇਰੇ ਭਾ ਦਾ, ਮੇਰੇ ਮਨ ਵਿਚ। ਗੁੋਪਾਲ—{ਅੱਖਰ 'ਗ' ਦੇ ਨਾਲ ਦੋ ਲਗਾਂ ਹਨ— ੋ ਅਤੇ ੁ। ਅਸਲ ਲਫ਼ਜ਼ ਹੈ 'ਗੋਪਾਲ'। ਇਥੇ 'ਗੁਪਾਲ' ਪੜ੍ਹਨਾ ਹੈ}। ਰਾਇਆ—ਰਾਜਾ, ਪਾਤਿਸ਼ਾਹ। ਨਿਮਖ—{inmy—} ਅੱਖ ਝਮਕਣ ਜਿਤਨਾ ਸਮਾ। ਤੇ—ਤੋਂ। ਪੂਰੈ ਗੁਰੂ—ਪੂਰੇ ਗੁਰੂ ਨੇ।1।

ਕਰਿ—ਕਰ ਕੇ। ਰਾਖੇ—ਰੱਖਿਆ ਕਰਦਾ ਹੈ। ਵਸਿ ਜਾ ਕੈ—ਜਿਸ ਦੇ ਵੱਸ ਵਿਚ। ਲਿਵ—ਲਗਨ। ਪੂਰਨ—ਸਰਬ-ਵਿਆਪਕ। ਤਾ ਕੈ—ਉਸ ਦੇ ਮਨ ਵਿਚ।2।

ਅਰਥ:- ਹੇ ਭਾਈ! ਸਭ ਦੇ ਦਿਲ ਦੀ ਜਾਣਨ ਵਾਲਾ ਮੇਰਾ ਪ੍ਰਭੂ (ਹਰ ਵੇਲੇ ਮੇਰੇ) ਨਾਲ ਹੈ—(ਜਿਸ ਮਨੁੱਖ ਨੂੰ ਨਿਸਚਾ ਬਣ ਜਾਂਦਾ ਹੈ, ਉਸ ਨੂੰ) ਮਾਲਕ-ਪ੍ਰਭੂ ਦਾ ਨਾਮ ਸਿਮਰਦਿਆਂ ਪਰਲੋਕ ਤੇ ਇਸ ਲੋਕ ਵਿਚ ਸਦਾ ਸੁਖ-ਆਨੰਦ ਬਣਿਆ ਰਹਿੰਦਾ ਹੈ।1। ਰਹਾਉ।

ਹੇ ਭਾਈ! ਜਿਸ ਮਨੁੱਖ ਨੂੰ ਪੂਰੇ ਗੁਰੂ ਨੇ ਪਰਮਾਤਮਾ ਨਾਲ ਮਿਲਾ ਦਿੱਤਾ, ਉਸ ਦੇ ਹਿਰਦੇ ਤੋਂ ਪਰਮਾਤਮਾ ਦੀ ਯਾਦ ਅੱਖ ਝਮਕਣ ਜਿਤਨੇ ਸਮੇ ਲਈ ਭੀ ਨਹੀਂ ਭੁੱਲਦੀ (ਉਸ ਨੂੰ ਇਹ ਨਿਸਚਾ ਰਹਿੰਦਾ ਹੈ ਕਿ) ਪ੍ਰਭੂ ਹੀ ਮੇਰੇ ਵਾਸਤੇ ਸੱਜਣ ਮਿੱਤਰ ਹੈ, ਗੋਪਾਲ ਪ੍ਰਭੂ ਪਾਤਿਸ਼ਾਹ ਦੇ ਗੁਣ ਹੀ ਮੇਰੇ ਸਾਥੀ ਹਨ।1।

ਹੇ ਨਾਨਕ! (ਆਖ—ਹੇ ਭਾਈ!) ਜਿਸ ਪਰਮਾਤਮਾ ਦੇ ਵੱਸ ਵਿਚ ਸਾਰੇ ਜੀਅ ਜੰਤ ਹਨ, ਉਹ ਮਿਹਰ ਕਰ ਕੇ ਆਪਣੇ ਦਾਸਾਂ ਦੀ ਰੱਖਿਆ ਆਪ ਕਰਦਾ ਆਇਆ ਹੈ। ਜਿਸ ਮਨੁੱਖ ਦੇ ਅੰਦਰ ਸਰਬ-ਵਿਆਪਕ ਪਰਮਾਤਮਾ ਦੀ ਹੀ ਹਰ ਵੇਲੇ ਪ੍ਰੀਤ ਹੈ, ਉਸ ਦੇ ਮਨ ਵਿਚ (ਕਿਸੇ ਤਰ੍ਹਾਂ ਦਾ ਕੋਈ) ਡਰ ਨਹੀਂ ਰਹਿੰਦਾ।2। 73। 96।